# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 30-11-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਭੁਵਨੇਸ਼ਵਰ ਵਿੱਚ ਹੋ ਰਹੀ ਪੁਲਿਸ ਦੇ ਡਾਇਰੈਕਟਰ ਜਨਰਲ ਅਤੇ ਇੰਸਪੈਕਟਰ ਜਨਰਲਾਂ ਦੀ ਸਰਬ ਭਾਰਤੀ ਕਾਨਫਰੰਸ'ਚ ਹਿੱਸਾ ਲੈ ਰਹੇ ਨੇ।
- BSF ਵੱਲੋਂ ਇਸ ਸਾਲ'ਚ ਪੰਜਾਬ ਵਿੱਚ ਪਾਕਿਸਤਾਨ ਤੋਂ ਗੈਰ-ਕਾਨੂੰਨੀ ਢੰਗ ਨਾਲ ਆ ਰਹੇ 245 ਡਰੋਨ ਜ਼ਬਤ ਕੀਤੇ ਗਏ ਨੇ ਜਦਕਿ 254 ਕਿਲੋਗ੍ਰਾਮ ਹੀਰੋਇਨ ਵੀ ਫੜ੍ਹੀ ਗਈ ਏ।
- ਕੇਂਦਰੀ ਆਯੂਸ਼ ਮੰਤਰਾਲਾ, ਪੰਜਾਬ ਨੂੰ ਮਾਲੀ ਸਹਾਇਤਾ ਪ੍ਰਦਾਨ ਕਰਦਿਆਂ ਰਾਸ਼ਟਰੀ ਆਯੁਸ਼ ਮਿਸ਼ਨ ਤਹਿਤ ਸੂਬੇ ਵਿਚ ਆਯੁਸ਼ ਪ੍ਰਣਾਲੀਆਂ ਦੇ ਵਿਕਾਸ ਅਤੇ ਇਹਨਾਂ ਨੂੰ ਉਤਸ਼ਾਹਿਤ ਕਰਣ ਲਈ ਵੱਖ-ਵੱਖ ਗਤੀਵਿਧੀਆਂ ਨੂੰ ਹੁਲਾਰਾ ਦੇ ਰਿਹਾ ਏ।

- ਕੇਂਦਰੀ ਸਿਹਤ ਮੰਤਰਾਲੇ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸੱਪ ਦੇ ਡੰਗਣ ਦੇ ਕੇਸਾਂ ਅਤੇ ਮੌਤਾਂ ਨੂੰ 'ਨੋਟੀਫਾਈਬਲ ਬੀਮਾਰੀ' ਬਣਾਉਣ ਲਈ ਕਿਹਾ ਏ।
- ਪੰਜਾਬ ਰਾਜ ਸੀਨੀਅਰ ਬੈਡਮਿੰਟਨ ਚੈਂਪੀਅਨਸ਼ਿਪ 2024 ਜਲੰਧਰ ਵਿਖੇ ਸ਼ੁਰੂ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਭੁਵਨੇਸ਼ਵਰ ਵਿੱਚ ਹੋ ਰਹੀ ਪੁਲਿਸ ਦੇ ਡਾਇਰੈਕਟਰ ਜਨਰਲ ਅਤੇ ਇੰਸਪੈਕਟਰ ਜਨਰਲਾਂ ਦੀ ਸਰਬ ਭਾਰਤੀ ਕਾਨਫਰੰਸ'ਚ ਹਿੱਸਾ ਲਈ ਰਹੇ ਨੇ। ਕਾਨਫਰੰਸ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਪ੍ਰਧਾਨ ਮੰਤਰੀ ਦੇ ਪ੍ਰਮੁੱਖ ਸਕੱਤਰ ਪੀ ਕੇ ਮਿਸ਼ਰਾ, ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਕੇਂਦਰੀ ਗ੍ਰਹਿ ਸਕੱਤਰ, ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਪੁਲਿਸ ਡਾਇਰੈਕਟਰ ਜਨਰਲਾਂ ਅਤੇ ਸੁਰੱਖਿਆ ਏਜੰਸੀਆਂ ਦੇ ਮੁਖੀਆਂ ਸਮੇਤ ਹੋਰ ਪ੍ਰਮੁੱਖ ਪਤਵੰਤੇ ਵੀ ਹਿੱਸਾ ਲੈ ਰਹੇ ਨੇ। ਕਾਨਫਰੰਸ ਵਿੱਚ ਅੰਦਰੂਨੀ ਸੁਰੱਖਿਆ, ਨਵੇਂ ਅਪਰਾਧਿਕ ਕਾਨੂੰਨ, ਸਾਹਿਲੀ ਸੁਰੱਖਿਆ, ਸਾਈਬਰ

ਅਪਰਾਧ, ਮਾਓਵਾਦੀ ਖਤਰੇ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਡਰੋਨ ਵਰਗੀਆਂ ਉਭਰਦੀਆਂ ਤਕਨੀਕਾਂ ਕਰਕੇ ਦਰਪੇਸ਼ ਚੁਣੌਤੀਆਂ ਵਰਗੇ ਮੁੱਦਿਆਂ 'ਤੇ ਚਰਚਾ ਕੀਤੀ ਜਾ ਰਹੀ ਏ। ਕਾਨਫਰੰਸ 'ਚ ਹਿੱਸਾ ਲੈਣ ਵਾਲਿਆਂ ਵੱਲੋਂ ਦਹਿਸ਼ਤਗਰਦੀ ਵਿਰੋਧੀ ਰਣਨੀਤੀਆਂ 'ਤੇ ਵੀ ਚਰਚਾ ਕੀਤੀ ਜਾ ਰਹੀ ਏ। ਪ੍ਰਧਾਨ ਮੰਤਰੀ ਕੱਲ੍ਹ ਸ਼ਾਮ ਇਸ 3 ਦਿਨਾਂ ਕਾਨਫਰੰਸ ਵਿੱਚ ਸ਼ਾਮਲ ਹੋਣ ਲਈ ਭੁਵਨੇਸ਼ਵਰ ਪਹੁੰਚੇ। ਪ੍ਰਧਾਨ ਮੰਤਰੀ ਅੱਜ ਅਤੇ ਭਲਕੇ ਕਾਨਫਰੰਸ ਵਿੱਚ ਹਿੱਸਾ ਲੈ ਰਹੇ ਨੇ।

---------------------------------------------------

ਸੀਮਾ ਸੁਰੱਖਿਆ ਬਲ (BSF) ਦੇ ਚੌਕਸ ਜਵਾਨਾਂ ਨੇ ਇਸ ਸਾਲ ਹੁਣ ਤੱਕ ਪਾਕਿਸਤਾਨ ਤੋਂ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਤੇ ਗੋਲੀ ਸਿੱਕਾ ਲਿਆਉਣ ਵਾਲੇ 245 ਡਰੋਨ ਜ਼ਬਤ ਕੀਤੇ ਨੇ. ਇਹ ਜ਼ਬਤੀਆਂ ਪਿਛਲੇ ਸਾਲ ਦੇ ਮੁਕਾਬਲੇ 100 ਫੀਸਦੀ ਤੋਂ ਜ਼ਿਆਦਾ ਨੇ ਅਤੇ ਸਾਲ 2022 ਦੀ ਇਸੇ ਮਿਆਦ ਦੌਰਾਨ ਸਿਰਫ 21 ਡਰੋਨਾਂ ਦੀ ਬਰਾਮਦਗੀ ਦੇ ਮੁਕਾਬਲੇ 200 ਫੀਸਦੀ ਤੋਂ ਜ਼ਿਆਦਾ ਨੇ। ਹਾਲਾਂਕਿ ਫੜ੍ਹੀ ਗਈ 254 ਕਿਲੋ ਗ੍ਰਾਮ ਹੀਰੋਇਨ, ਮੁਕਾਬਲਤਨ, ਪਿਛਲੇ ਸਾਲ

ਫੜ੍ਹੀ ਗਈ 440 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਤੋਂ ਬਹੁਤ ਘੱਟ ਏ। ਸਰਹੱਦ ਪਾਰੋਂ ਹੈਰੋਇਨ ਦੀ ਤਸਕਰੀ ਵਿੱਚ ਇਹ ਕਮੀ BSF ਵਲੋਂ ਤਕਨੀਕੀ ਚੌਕਸੀ ਸਮੇਤ ਵਧਾਈ ਗਈ ਗਸ਼ਤ ਕਰਕੇ ਹੋਈ ਏ। ਅਟਾਰੀ ਸਰਹੱਦ ਵਿਖੇ ਆਪਣੀ ਸਾਲਾਨਾ ਪ੍ਰੈਸ ਕਾਨਫਰੰਸ ਦੌਰਾਨ ਮੀਡੀਆ ਨਾਲ ਵੇਰਵੇ ਸਾਂਝੇ ਕਰਦਿਆਂ, ਬੀ.ਐਸ.ਐਫ, ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ Atul Fulzele ਨੇ ਦੱਸਿਆ ਕਿ 136 ਪਛਾਣੇ ਗਏ ਭਾਰਤੀ ਤਸਕਰਾਂ ਦੀ ਸੂਚੀ ਪੰਜਾਬ ਪੁਲਿਸ ਅਤੇ ਹੋਰ ਜਾਂਚ ਏਜੰਸੀਆਂ ਨਾਲ ਸਾਂਝੀ ਕੀਤੀ ਗਈ ਏ ਤਾਂ ਜੋ ਅੱਗੇ ਦੀ ਕਾਰਵਾਈ ਲਈ ਉਨ੍ਹਾਂ ਦੀ ਹੋਰ ਭਾਲ ਕੀਤੀ ਜਾ ਸਕੇ।

**BYTE-**

ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਬੀਐਸਐਫ ਨੇ ਪੰਜਾਬ ਸਰਹੱਦ 'ਤੇ 3 ਪਾਕਿਸਤਾਨੀ ਘੁਸਪੈਠੀਆਂ ਨੂੰ ਬੇਅਸਰ ਕਰ ਦਿੱਤਾ ਏ ਅਤੇ ਦੋ ਤਸਕਰਾਂ ਸਮੇਤ 31 ਪਾਕਿਸਤਾਨੀ ਨਾਗਰਿਕਾਂ ਨੂੰ ਫੜਿਆ ਗਿਆ ਏ। ਬਲ ਨੇ ਪੰਜਾਬ ਦੇ ਵੱਖ-ਵੱਖ ਸਰਹੱਦੀ ਜ਼ਿਲ੍ਹਿਆਂ ਤੋਂ 94 ਭਾਰਤੀ ਤਸਕਰਾਂ ਨੂੰ ਪਾਕਿਸਤਾਨ ਵਾਲੇ ਪਾਸਿਓਂ ਤਸਕਰੀ ਕੀਤੇ

ਗਏ ਨਸ਼ੀਲੇ ਪਦਾਰਥਾਂ ਸਮੇਤ ਫੜਿਆ ਏ । ਸਰਹੱਦ'ਤੇ ਪਹਿਲੀ ਰਖਿਆ ਢਾਲ, ਸੀਮਾ ਸੁਰੱਖਿਆ ਬਲ, ਜੋ ਪਹਿਲੀ ਦਸੰਬਰ ਨੂੰ ਆਪਣਾ 60ਵਾਂ ਸਥਾਪਨਾ ਦਿਵਸ ਮਨਾ ਰਹੀ ਏ , ਨਾ ਸਿਰਫ ਪਾਕਿਸਤਾਨ ਨਾਲ ਲੱਗਦੀ 553 ਕਿਲੋਮੀਟਰ ਲੰਮੀ ਪੰਜਾਬ ਸਰਹੱਦ ਦੀ ਰਾਖੀ ਕਰ ਰਹੀ ਏ, ਸਗੋਂ ਇਹ ਸਰਹੱਦੀ ਆਬਾਦੀ ਨੂੰ ਮੈਡੀਕਲ ਅਤੇ ਹੋਰ ਸਹੂਲਤਾਂ ਦੇਣ ਦੇ ਨਾਲ-ਨਾਲ ਨੌਜਵਾਨਾਂ ਨੂੰ ਕਿੱਤਾਮੁਖੀ ਸਿਖਲਾਈ ਵੀ ਦੇ ਰਹੀ ਏ ।

-------------------------------------------------------

ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਨੈਟਵਰਕਾਂ ਨੂੰ ਵੱਡਾ ਝਟਕਾ ਦਿੰਦਿਆਂ, ਪੰਜਾਬ ਪੁਲਿਸ ਦੀ ਕਾਊਂਟਰ ਇੰਟੈਲੀਜੈਂਸ ਸੀ.ਆਈ.) ਅੰਮ੍ਰਿਤਸਰ ਨੇ ਦੋ ਵਿਅਕਤੀਆਂ ਨੂੰ ਉਸ ਸਮੇਂ ਗ੍ਰਿਫ਼ਤਾਰ ਕੀਤਾ ਜਦੋਂ ਉਹ ਪਾਕਿਸਤਾਨ ਤੋਂ ਤਸਕਰੀ ਕੀਤੀ ਗਈ, ਹਥਿਆਰਾਂ ਦੀ ਖੇਪ ਸੌਂਪਣ ਲਈ ਕਿਸੇ ਹੋਰ ਸੰਚਾਲਕ ਦੀ ਉਡੀਕ ਕਰ ਰਹੇ ਸਨ। ਇਹ ਜਾਣਕਾਰੀ ਅੱਜ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ), ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਜਗਜੀਤ

ਸਿੰਘ ਉਰਫ਼ ਨਿੱਕੂ ਅਤੇ ਗੁਰਵਿੰਦਰ ਸਿੰਘ ਉਰਫ਼ ਗਾਂਧੀ ਵਜੋਂ ਹੋਈ ਏ ਤੇ ਦੋਵੇਂ ਅੰਮ੍ਰਿਤਸਰ ਦੇ ਕੋਲੋਵਾਲ ਪਿੰਡ ਦੇ ਰਹਿਣ ਵਾਲੇ ਨੇ। ਪੁਲੀਸ ਟੀਮਾਂ ਨੇ ਇਹਨਾਂ ਮੁਲਜ਼ਮਾਂ ਦੇ ਕਬਜ਼ੇ'ਚੋਂ ਅੱਠ ਅਤਿ ਆਧੁਨਿਕ ਪਿਸਤੌਲਾਂ ਬਰਾਮਦ ਕੀਤੀ ਏ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਖੁਫੀਆ ਜਾਣਕਾਰੀ 'ਤੇ ਕੀਤੀ ਗਈ ਕਾਰਵਾਈ ਦੌਰਾਨ ਸੀਆਈ ਅੰਮ੍ਰਿਤਸਰ ਦੀਆਂ ਟੀਮਾਂ ਨੂੰ ਪਤਾ ਲੱਗਾ ਕਿ ਕੁਝ ਵਿਅਕਤੀ ਪਾਕਿਸਤਾਨ ਤੋਂ ਭਾਰਤ ਵਿੱਚ ਹਥਿਆਰਾਂ ਦੀ ਵੱਡੀ ਖੇਪ ਦੀ ਤਸਕਰੀ ਕਰਨ ਵਿੱਚ ਸ਼ਾਮਲ ਨੇ. ਇਸ ਸੂਹ'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਜਾਲ ਵਿਛਾ ਕੇ ਮੁਲਜ਼ਮ ਜਗਜੀਤ ਉਰਫ਼ ਨਿੱਕੂ ਅਤੇ ਗੁਰਵਿੰਦਰ ਉਰਫ਼ ਗਾਂਧੀ ਨੂੰ ਅੰਮ੍ਰਿਤਸਰ ਦੇ ਘਰਿੰਡਾ ਨੇੜੇ ਨੂਰਪੁਰ ਪਧਰੀ ਤੋਂ ਉਸ ਸਮੇਂ ਕਾਬੂ ਕਰ ਲਿਆ ਜਦੋਂ ਉਹ ਖੇਪ ਦੀ ਡਿਲਿਵਰੀ ਲਈ ਕਿਸੇ ਦੀ ਉਡੀਕ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਇਸ ਮਾਡਿਊਲ ਦਾ ਮੁੱਖ ਸਰਗਨਾ ਏਨਕ੍ਰਿਪਟਡ ਐਪਸ ਰਾਹੀਂ ਪਾਕਿਸਤਾਨ ਅਧਾਰਿਤ ਹਥਿਆਰ ਤਸਕਰਾਂ ਦੇ ਸੰਪਰਕ ਵਿੱਚ ਸੀ। ਹੋਰ ਜਾਂਚ ਕੀਤੀ ਜਾ ਰਹੀ ਏ । ਇਸ ਸਬੰਧੀ ਐਫਆਈਆਰ

ਨੰਬਰ 66 ਮਿਤੀ 29.11.2024 ਨੂੰ ਢੁਕਵੀਆਂ ਧਾਰਾਵਾਂ ਨਾਲ ਕੇਸ ਦਰਜ ਕੀਤਾ ਗਿਆ ਏ।

---

ਕੇਂਦਰੀ ਆਯੂਸ਼ ਮੰਤਰਾਲਾ, ਪੰਜਾਬ ਨੂੰ ਮਾਲੀ ਸਹਾਇਤਾ ਪ੍ਰਦਾਨ ਕਰ ਕੇ ਰਾਸ਼ਟਰੀ ਆਯੁਸ਼ ਮਿਸ਼ਨ ਹੇਠ ਸੂਬੇ ਵਿਚ ਆਯੁਸ਼ ਪ੍ਰਣਾਲੀਆਂ ਦੇ ਵਿਕਾਸ ਅਤੇ ਇਹਨਾਂ ਨੂੰ ਉਤਸ਼ਾਹਿਤ ਕਰਣ ਲਈ ਵੱਖ-ਵੱਖ ਗਤੀਵਿਧੀਆਂ ਨੂੰ ਹੁਲਾਰਾ ਦੇ ਰਿਹਾ ਏ। ਕੇਂਦਰੀ ਆਯੂਸ਼ ਰਾਜ ਮੰਤਰੀ, ਪ੍ਰਤਾਪਰਾਓ ਜਾਧਵ ਵੱਲੋਂ ਲੋਕ ਸਭਾ ਵਿੱਚ ਦਿੱਤੀ ਗਈ ਜਾਣਕਾਰੀ ਮੁਤਾਬਿਕ ਪਿਛਲੇ ਪੰਜ ਸਾਲਾਂ ਵਿੱਚ ਮੰਤਰਾਲੇ ਨੇ ਪੰ ਜਾਬ ਨੂੰ ਸਾਲਾਨਾ ਕਾਰਜ ਯੋਜਨਾਵਾਂ ਵਿੱਚ ਪ੍ਰਾਪਤ ਤਜਵੀਜ਼ਾਂ ਅਨੁਸਾਰ ਲਗਭਗ 19 ਕਰੋੜ ਰੁਪਏ ਜਾਰੀ ਕੀਤੇ ਨੇ। ਹਾਲਾਂਕਿ, ਸਾਲ 2022-2023 ਵਿੱਚ ਰਾਜ ਨੂੰ ਕੋਈ ਫੰਡ ਅਲਾਟ ਨਹੀਂ ਕੀਤਾ ਗਿਆ। ਜਦਕਿ ਹਰਿਆਣਾ ਨੂੰ 102 ਕਰੋੜ ਰੁਪਏ ਤੋਂ ਵੱਧ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਨੂੰ ਪਿਛਲੇ ਪੰਜ ਸਾਲਾਂ ਵਿੱਚ 7.06 ਕਰੋੜ ਰੁਪਏ ਦਿੱਤੇ ਗਏ ਨੇ। ਹਲਕਿਆਂ ਮੁਤਾਬਿਕ ਪੰਜਾਬ ਵਿੱਚ 526 ਸਰਕਾਰੀ ਆਯੁਰਵੈਦ

ਡਿਸਪੈਂਸਰੀਆਂ ਵਿੱਚੋਂ 158 ਨੂੰ, ਮੰਤਰਾਲੇ ਵੱਲੋਂ ਮੁਹੱਈਆ ਕਰਵਾਏ ਫੰਡਾਂ ਨਾਲ ਆਯੂਸ਼ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਵਿੱਚ ਅਪਗ੍ਰੇਡ ਕੀਤਾ ਗਿਆ ਏ। ਇਨ੍ਹਾਂ ਅੱਪਗਰੇਡ ਸੈਂਟਰਾਂ ਵਿੱਚ ਕੁਦਰਤੀ ਜੜੀਆਂ-ਬੂਟੀਆਂ ਦੇ ਬਾਗ ਵੀ ਬਣਾਏ ਗਏ ਨੇ। ਜਲੰਧਰ, ਲੁਧਿਆਣਾ, ਹੁਸ਼ਿਆਰਪੁਰ, ਅੰਮ੍ਰਿਤਸਰ ਅਤੇ ਮੋਗਾ ਵਿਖੇ ਪੰਜ ਆਯੁਰਵੇਦ ਹਸਪਤਾਲ ਵੀ ਕਾਇਮ ਕੀਤੇ ਗਏ ਨੇ ਪਰ ਹਲਕਿਆਂ ਦਾ ਕਹਿਣਾ ਏ ਕਿ ਇਨ੍ਹਾਂ ਦੀ ਹਾਲਤ ਜ਼ਿਆਦਾ ਠੀਕ ਨਹੀਂ ਏ।

-----------------------------------------------

ਕੇਂਦਰੀ ਸਿਹਤ ਮੰਤਰਾਲੇ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਰਾਜ ਜਨਤਕ ਸਿਹਤ ਕਾਨੂੰਨ ਜਾਂ ਲਾਗੂ ਹੁੰਦੇ ਹੋਰ ਕਾਨੂੰਨਾਂ ਦੀਆਂ ਸਬੰਧਤ ਧਾਰਾਵਾਂ ਤਹਿਤ ਸੱਪ ਦੇ ਡੰਗਣ ਦੇ ਕੇਸਾਂ ਅਤੇ ਮੌਤਾਂ ਨੂੰ 'ਨੋਟੀਫਾਈਬਲ ਬਿਮਾਰੀ' ਬਣਾਉਣ ਲਈ ਕਿਹਾ ਏ। ਸਾਰੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਪ੍ਰਮੁੱਖ ਸਕੱਤਰਾਂ ਅਤੇ ਸਿਹਤ ਬਾਰੇ Additional ਮੁੱਖ ਸਕੱਤਰਾਂ ਨੂੰ ਲਿਖੇ ਇੱਕ ਪੱਤਰ ਵਿੱਚ, ਕੇਂਦਰੀ ਸਿਹਤ ਸਕੱਤਰ, ਪੁੰਨਿਆ ਸਲੀਲਾ ਸ਼੍ਰੀਵਾਸਤਵ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸੱਪ ਦਾ ਡੰਗਣਾ

ਇੱਕ ਅਹਿਮ ਜਨਤਕ ਸਿਹਤ ਚਿੰਤਾ ਏ। ਓਹਨਾਂ ਦੱਸਿਆ ਕਿ ਸੱਪ ਦੇ ਡੰਗ ਨਾਲ ਖਾਸ ਕਰਕੇ ਕਿਸਾਨਾਂ ਅਤੇ ਕਬਾਇਲੀ ਆਬਾਦੀ ਵਿੱਚ, ਮੌਤ, ਰੋਗ ਅਤੇ ਦਿਵਿਆਂਗਤਾ ਹੋ ਸਕਦੀ ਏ, ਸ਼੍ਰੀ ਸ਼੍ਰੀਵਾਸਤਵ ਨੇ ਜ਼ਿਕਰ ਕੀਤਾ ਕਿ ਮੰਤਰਾਲੇ ਨੇ 2030 ਤੱਕ ਸੱਪ ਦੇ ਡੰਗ ਨਾਲ ਹੋਣ ਵਾਲੀਆਂ ਮੌਤਾਂ ਨੂੰ ਅੱਧਾ ਕਰਨ ਦੇ ਉਦੇਸ਼ ਨਾਲ ਸਬੰਧਤ ਮੰਤਰਾਲਿਆਂ ਅਤੇ ਹਿੱਸੇਦਾਰਾਂ ਨਾਲ ਸਲਾਹ-ਮਸ਼ਵਰਾ ਕਰਕੇ 2030 ਤੱਕ ਸੱਪ ਦੇ ਡੰਗਣ ਤੋਂ ਬਚਾਅ ਅਤੇ ਇਸ ‘ਤੇ ਕਾਬੂ ਪਾਉਣ ਲਈ ਰਾਸ਼ਟਰੀ ਕਾਰਜ ਯੋਜਨਾ (N.A.P.S.E) ਦੀ ਸ਼ੁਰੂਆਤ ਕੀਤੀ ਏ।

-------------------------------------------------

ਪੰਜਾਬ ਦੇ ਭੂਮੀ ਅਤੇ ਜਲ ਸੰਭਾਲ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਆਧੁਨਿਕ ਜਲ ਪ੍ਰਬੰਧਨ ਰਣਨੀਤੀਆਂ ਘੜਨ ਦੇ ਨਾਲ-ਨਾਲ ਵਿਆਪਕ ਕਿਸਾਨ ਜਾਗਰੂਕਤਾ ਪ੍ਰੋਗਰਾਮਾਂ ਦੀ ਲੋੜ 'ਤੇ ਜ਼ੋਰ ਦਿੱਤਾ। ਇੱਥੇ ਮੈਗਸੀਪਾ ਵਿਖੇ ਭੂਮੀ ਅਤੇ ਜਲ ਸੰਭਾਲ ਵਿਭਾਗ ਦੇ ਅਧਿਕਾਰੀਆਂ ਨਾਲ ਪਲੇਠੀ ਸਮੀਖਿਆ ਮੀਟਿੰਗ ਦੌਰਾਨ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਪਾਣੀ ਦੀ ਸੰਭਾਲ ਲਈ ਇੱਕ ਵਿਆਪਕ ਅਤੇ ਸਰਗਰਮ ਪਹੁੰਚ

ਅਪਣਾਉਣ ਦਾ ਸੱਦਾ ਦਿੰਦਿਆਂ ਵਿਭਾਗ ਦੇ ਅਧਿਕਾਰੀਆਂ ਨੂੰ ਚੱਲ ਰਹੇ ਪ੍ਰਾਜੈਕਟਾਂ ਵਿੱਚ ਤੇਜ਼ੀ ਲਿਆਉਣ ਅਤੇ ਅਸਲ ਮਾਅਨਿਆਂ ਵਿੱਚ ਸਰਕਾਰੀ ਪਹਿਲਕਦਮੀਆਂ ਦਾ ਲਾਭ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਨੂੰ ਯਕੀਨੀ ਬਣਾਉਣ ਲਈ ਇੱਕ ਮਜ਼ਬੂਤ ਸੰਚਾਰ ਰਣਨੀਤੀ ਵਿਕਸਿਤ ਕਰਨ ਲਈ ਕਿਹਾ। ਸ੍ਰੀ ਗੋਇਲ ਨੇ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਉਣ ਲਈ ਖੇਤੀਬਾੜੀ ਸਿੰਚਾਈ ਵਾਸਤੇ ਟੇਲਾਂ ਤੱਕ ਪਾਣੀ ਪਹੁੰਚਾਉਣ ਅਤੇ ਸਤਹੀ ਤੇ ਨਹਿਰੀ ਪਾਣੀ ਦੀ ਵੱਧ ਤੋਂ ਵੱਧ ਵਰਤੋਂ ਨੂੰ ਯਕੀਨੀ ਬਣਾਉਣ ਸਬੰਧੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

---------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖ਼ਾਲਸਾ ਸਾਜਣਾ ਦਿਵਸ,ਵਿਸਾਖੀ ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਭੇਜੇ ਜਾਣ ਵਾਲੇ ਜਥੇ ਲਈ ਪਰਕਿਰਿਆ ਆਰੰਭ ਕਰਦਿਆਂ 25 ਦਸੰਬਰ 2024 ਤੱਕ ਸ਼ਰਧਾਲੂਆਂ ਪਾਸੋਂ ਪਾਸਪੋਰਟ ਮੰਗੇ ਗਏ ਨੇ. ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਵਿਖੇ

ਖ਼ਾਲਸਾ ਸਾਜਣਾ ਦਿਵਸ ਸਬੰਧੀ ਸਮਾਗਮਾਂ ਵਿਚ ਸ਼ਮੂਲੀਅਤ ਲਈ ਹਰ ਸਾਲ ਦੀ ਤਰ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਸ਼ਰਧਾਲੂਆਂ ਦਾ ਜਥਾ ਜਾਵੇਗਾ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਪ੍ਰੈਲ 2025 ਵਿਚ ਖਾਲਸਾ ਸਾਜਣਾ ਦਿਵਸ ਮੌਕੇ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਭੇਜਿਆ ਜਾਵੇਗਾ, ਜੋ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਵਿਖੇ ਮੁੱਖ ਸਮਾਗਮ ’ਚ ਸ਼ਮੂਲੀਅਤ ਤੋਂ ਇਲਾਵਾ ਉਥੇ ਸਥਿਤ ਹੋਰਨਾਂ ਗੁਰਧਾਮਾਂ ਦੇ ਵੀ ਦਰਸ਼ਨ ਕਰੇਗਾ। ਉਨ੍ਹਾਂ ਕਿਹਾ ਕਿ ਇਸ ਜਥੇ ਵਿਚ ਜਾਣ ਦੇ ਚਾਹਵਾਨ ਸ਼ਰਧਾਲੂ ਆਪਣੇ ਪਾਸਪੋਰਟ 25 ਦਸੰਬਰ 2024 ਤੱਕ ਸ਼੍ਰੋਮਣੀ ਕਮੇਟੀ ਦਫ਼ਤਰ ’ਚ ਯਾਤਰਾ ਵਿਭਾਗ ਵਿਖੇ ਜਮ੍ਹਾਂ ਕਰਵਾ ਸਕਦੇ ਨੇ। ਉਨ੍ਹਾਂ ਦੱਸਿਆ ਕਿ ਸ਼ਰਧਾਲੂਆਂ ਲਈ ਆਪੋ-ਆਪਣੇ ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰਾਂ ਪਾਸੋਂ ਸਿਫ਼ਾਰਸ਼ ਕਰਵਾਉਣੀ ਜ਼ਰੂਰੀ ਏ ਅਤੇ ਇਸ ਦੇ ਨਾਲ ਹੀ ਆਪਣੀ ਪਛਾਣ ਦੇ ਸਬੂਤ ਵਜੋਂ ਆਧਾਰ ਕਾਰਡ ਜਾਂ ਵੋਟਰ ਕਾਰਡ ਦੀ ਫੋਟੋ ਕਾਪੀ ਵੀ ਦਿੱਤੀ ਜਾਵੇ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਦਿੱਤੇ ਸਮੇਂ

ਤੱਕ ਆਪਣੇ ਪਾਸਪੋਰਟ ਜਮ੍ਹਾਂ ਕਰਵਾਉਣ, ਤਾਂ ਜੋ ਵੀਜ਼ਾ ਪਰਕਿਰਿਆ ਲਈ ਕਾਰਵਾਈ ਸਮੇਂ ਸਿਰ ਕੀਤੀ ਜਾ ਸਕੇ।

---------------------------------------------------------

ਪੰਜਾਬ ਰਾਜ ਸੀਨੀਅਰ ਬੈਡਮਿੰਟਨ ਚੈਂਪੀਅਨਸ਼ਿਪ 2024 ਸ਼ਨੀਚਰਵਾਰ ਨੂੰ ਜਲੰਧਰ ਦੇ ਮਸ਼ਹੂਰ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡੀਅਮ ਵਿਖੇ ਬਕਾਇਦਾ ਤੌਰ 'ਤੇ ਸ਼ੁਰੂ ਹੋ ਗਈ । ਜ਼ਿਲ੍ਹਾ ਬੈਡਮਿੰਟਨ ਐਸੋਸੀਏਸ਼ਨ (ਡੀ.ਬੀ.ਏ.), ਜਲੰਧਰ ਵੱਲੋਂ ਕਰਾਈ ਜਾ ਰਹੀ ਇਹ ਚੈਮਪੀਅਨਸ਼ਿਪ 2 ਦਸੰਬਰ, ਤੱਕ ਚਲੇਗੀ, ਜਿਸ ਵਿੱਚ ਰਾਜ ਭਰ ਦੇ ਲਗਭਗ 200 ਖਿਡਾਰੀ ਚੋਟੀ ਮੈਦਾਨ'ਚ ਉਤਰਨਗੇ. ਚੈਂਪੀਅਨਸ਼ਿਪ ਬਾਰੇ ਬੋਲਦਿਆਂ, ਡੀ.ਬੀ.ਏ. ਦੇ ਮੈਂਬਰ ਸਕੱਤਰ ਰਿਤਿਨ ਖੰਨਾ ਨੇ ਦੱਸਿਆ ਕਿ ਉਦਘਾਟਨੀ 'ਚ ਜਲੰਧਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸ਼੍ਰੀ ਸ਼ਰਮਾ ਨੇ ਆਪਣੇ ਸੰਬੋਧਨ ਦੌਰਾਨ ਵਿਅਕਤੀ ਦੇ ਸਰਬਪੱਖੀ ਵਿਕਾਸ ਵਿੱਚ ਖੇਡਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ । ਉਨ੍ਹਾਂ ਨੇ ਸਟੇਡੀਅਮ ਨੂੰ ਇੱਕ ਪ੍ਰਮੁੱਖ ਖੇਡ ਕੇਂਦਰ ਵਜੋਂ ਵਿਕਸਤ ਕਰਨ ਦੇ ਯਤਨਾਂ ਲਈ ਪ੍ਰਬੰਧਕਾਂ ਅਤੇ

ਡੀ.ਬੀ.ਏ. ਜਲੰਧਰ ਦੀ ਸਮੁੱਚੀ ਟੀਮ ਨੂੰ ਵੀ ਵਧਾਈ ਦਿੱਤੀ। ਸਮਾਰੋਹ ਵਿੱਚ ਪੰਜਾਬ ਦੇ ਕਈ ਅੰਤਰਰਾਸ਼ਟਰੀ ਬੈਡਮਿੰਟਨ ਖਿਡਾਰੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ, ਜਿਨ੍ਹਾਂ ਨੇ ਖੇਡ ਵਿੱਚ ਜ਼ਿਕਰਯੋਗ ਯੋਗਦਾਨ ਪਾਇਆ ਏ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਭੁਵਨੇਸ਼ਵਰ ਵਿੱਚ ਹੋ ਰਹੀ ਪੁਲਿਸ ਦੇ ਡਾਇਰੈਕਟਰ ਜਨਰਲ ਅਤੇ ਇੰਸਪੈਕਟਰ ਜਨਰਲਾਂ ਦੀ ਸਰਬ ਭਾਰਤੀ ਕਾਨਫਰੰਸ'ਚ ਹਿੱਸਾ ਲੈ ਰਹੇ ਨੇ।
- BSF ਵੱਲੋਂ ਇਸ ਸਾਲ'ਚ ਪੰਜਾਬ ਵਿੱਚ ਪਾਕਿਸਤਾਨ ਤੋਂ ਗੈਰ-ਕਾਨੂੰਨੀ ਢੰਗ ਨਾਲ ਆ ਰਹੇ 245 ਡਰੋਨ ਜ਼ਬਤ ਕੀਤੇ ਗਏ ਨੇ ਜਦਕਿ 254 ਕਿਲੋਗ੍ਰਾਮ ਹੀਰੋਇਨ ਵੀ ਫੜ੍ਹੀ ਗਈ ਏ .
- ਕੇਂਦਰੀ ਆਯੂਸ਼ ਮੰਤਰਾਲਾ, ਪੰਜਾਬ ਨੂੰ ਮਾਲੀ ਸਹਾਇਤਾ ਪ੍ਰਦਾਨ ਕਰਦਿਆਂ ਰਾਸ਼ਟਰੀ ਆਯੁਸ਼ ਮਿਸ਼ਨ ਤਹਿਤ ਸੂਬੇ ਵਿਚ ਆਯੁਸ਼ ਪ੍ਰਣਾਲੀਆਂ ਦੇ ਵਿਕਾਸ ਅਤੇ ਇਹਨਾਂ ਨੂੰ ਉਤਸ਼ਾਹਿਤ ਕਰਣ ਲਈ ਵੱਖ-ਵੱਖ ਗਤੀਵਿਧੀਆਂ ਨੂੰ ਹੁਲਾਰਾ ਦੇ ਰਿਹਾ ਏ।

- ਕੇਂਦਰੀ ਸਿਹਤ ਮੰਤਰਾਲੇ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸੱਪ ਦੇ ਡੰਗਣ ਦੇ ਕੇਸਾਂ ਅਤੇ ਮੌਤਾਂ ਨੂੰ 'ਨੋਟੀਫਾਈਬਲ ਬੀਮਾਰੀ' ਬਣਾਉਣ ਲਈ ਕਿਹਾ ਏ।
- ਪੰਜਾਬ ਰਾਜ ਸੀਨੀਅਰ ਬੈਡਮਿੰਟਨ ਚੈਂਪੀਅਨਸ਼ਿਪ 2024 ਜਲੰਧਰ ਵਿਖੇ ਸ਼ੁਰੂ।